ਵਡਹੰਸੁ ਮਹਲਾ ੩ ॥ਪੂਰੇ ਗੁਰ ਤੇ ਨਾਮੁ ਪਾਇਆ ਜਾਇ ॥ ਸਚੈ ਸਬਦਿ ਸਚਿ ਸਮਾਇ ॥੧॥ ਏ ਮਨ ਨਾਮੁ ਨਿਧਾਨੁ ਤੂ ਪਾਇ ॥ ਆਪਣੇ ਗੁਰ ਕੀ ਮੰਨਿ ਲੈ ਰਜਾਇ ॥੧॥ ਰਹਾਉ ॥ ਗੁਰ ਕੈ ਸਬਦਿ ਵਿਚਹੁ ਮੈਲੁ ਗਵਾਇ ॥ ਨਿਰਮਲੁ ਨਾਮੁ ਵਸੈ ਮਨਿ ਆਇ ॥ ੨॥ ਭਰਮੇ ਭੂਲਾ ਫਿਰੈ ਸੰਸਾਰੁ ॥ ਮਰਿ ਜਨਮੈ ਜਮੁ ਕਰੇ ਖੁਆਰੁ ॥੩॥ ਨਾਨਕ ਸੇ ਵਡਭਾਗੀ ਜਿਨ ਹਰਿ ਨਾਮੁ ਧਿਆਇਆ ॥ ਗੁਰ ਪਰਸਾਦੀ ਮੰਨਿ ਵਸਾਇਆ ॥੪॥੮॥ {ਪੰਨਾ 560}

ਪਦਅਰਥ:- ਤੇ—ਤੋਂ, ਪਾਸੋਂ। ਪਾਇਆ ਜਾਇ—ਮਿਲ ਸਕਦਾ ਹੈ। ਸਚੈ ਸਬਦਿ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੇ ਗੁਰ-ਸ਼ਬਦ ਵਿਚ। ਸਚਿ—ਸਦਾ-ਥਿਰ ਪ੍ਰਭੂ ਵਿਚ।1।

ਨਿਧਾਨੁ—ਖ਼ਜ਼ਾਨਾ। ਪਾਇ—ਪ੍ਰਾਪਤ ਕਰ। ਰਜਾਇ—ਹੁਕਮ।1। ਰਹਾਉ।

ਸਬਦਿ—ਸ਼ਬਦ ਵਿਚ। ਗਵਾਇ—ਦੂਰ ਕਰ ਲੈਂਦਾ ਹੈ। ਨਿਰਮਲ—ਪਵਿਤ੍ਰ। ਮਨਿ—ਮਨ ਵਿਚ।2।

ਭਰਮੇ—ਭਟਕਣਾ ਵਿਚ। ਭੂਲਾ—ਕੁਰਾਹੇ ਪਿਆ ਹੋਇਆ। ਮਰਿ ਜਨਮੈ—(ਮੁੜ ਮੁੜ) ਮਰਦਾ ਜੰਮਦਾ ਹੈ।3।

ਸੇ—ਉਹ ਮਨੁੱਖ {ਬਹੁ-ਵਚਨ}। ਪਰਸਾਦੀ—ਪਰਸਾਦਿ, ਕਿਰਪਾ ਨਾਲ। ਮੰਨਿ—ਮਨਿ, ਮਨ ਵਿਚ।4।

ਅਰਥ:- ਹੇ ਮੇਰੇ ਮਨ! ਤੂੰ ਆਪਣੇ ਗੁਰੂ ਦੇ ਹੁਕਮ ਵਿਚ ਤੁਰ, (ਤੇ, ਗੁਰੂ ਪਾਸੋਂ) ਨਾਮ-ਖ਼ਜ਼ਾਨਾ ਹਾਸਲ ਕਰ।1।

ਹੇ ਭਾਈ! ਪੂਰੇ ਗੁਰੂ ਪਾਸੋਂ (ਹੀ) ਪਰਮਾਤਮਾ ਦਾ ਨਾਮ (-ਖ਼ਜ਼ਾਨਾ) ਮਿਲ ਸਕਦਾ ਹੈ, (ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੇ ਗੁਰ-ਸ਼ਬਦ ਵਿਚ ਜੁੜਦਾ ਹੈ, ਉਹ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਹੋ ਜਾਂਦਾ ਹੈ।1। ਰਹਾਉ।

(ਹੇ ਭਾਈ! ਜੇਹੜਾ ਮਨੁੱਖ) ਗੁਰ ਦੇ ਸ਼ਬਦ ਵਿਚ (ਜੁੜਦਾ ਹੈ, ਉਹ ਆਪਣੇ) ਅੰਦਰੋਂ (ਵਿਕਾਰਾਂ ਦੀ) ਮੈਲ ਦੂਰ ਕਰ ਲੈਂਦਾ ਹੈ, ਪਰਮਾਤਮਾ ਦਾ ਪਵਿਤ੍ਰ ਨਾਮ (ਉਸ ਦੇ) ਮਨ ਵਿਚ ਆ ਵੱਸਦਾ ਹੈ।2।

(ਹੇ ਭਾਈ! ਗੁਰੂ ਤੋਂ ਖੁੰਝ ਕੇ) ਜਗਤ ਭਟਕਣਾ ਦੇ ਕਾਰਨ (ਜੀਵਨ ਦੇ ਸਹੀ ਰਸਤੇ ਤੋਂ) ਭੁੱਲਿਆ ਫਿਰਦਾ ਹੈ, ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ, ਜਮ-ਰਾਜ ਸਦਾ ਇਸ ਨੂੰ ਖ਼ੁਆਰ ਕਰਦਾ ਹੈ।3।

ਹੇ ਨਾਨਕ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਨਾਮ ਸਿਮਰਨਾ ਸ਼ੁਰੂ ਕੀਤਾ, ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾਇਆ, ਉਹ ਭਾਗਾਂ ਵਾਲੇ ਬਣ ਗਏ।4।8।